# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/49-15 ਅ-4(2) (ਕੋ:ਸੈਲ (2)
ਮਿਤੀ, ਐਸ.ਏ.ਐਸ.ਨਗਰ:: 19-03-18

ਸ਼੍ਰੀਮਤੀ ਪਰਮਿੰਦਰ ਕੌਰ, ਪੰਜਾਬੀ ਮਿਸਟ੍ਰੈਸ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ ਜੋ ਕਿ ਮਿਤੀ 11-01-2011 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਦਫਤਰ ਦੇ ਹੁਕਮ ਨੰ: 6/49-15 ਅ-4(2) ਕੋ:ਸ:3 ਮਿਤੀ 01.06.17/13.06.17 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਪਰਮਿੰਦਰ ਕੌਰ, ਪੰਜਾਬੀ ਮਿਸਟ੍ਰੈਸ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਦਫਤਰ ਦੇ ਹੁਕਮ ਨੰ: 6/49-15 ਅ-4(2) ਕੋ:ਸ:2 ਮਿਤੀ 10-07-17/13-07-17 ਰਾਂਹੀ ਸ਼੍ਰੀ ਚਰਨਜੀਤ ਸਿੰਘ, ਜ਼ਿ:ਸਿ:ਅ (ਸੈਸਿ), ਲੁਧਿਆਣਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ **ਮਿਤੀ 11.01.2011** ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਗੈਰਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ ਹੈ। ਕਰਮਚਾਰਨ ਨੂੰ ਇਸ ਪੜਤਾਲ ਰਿਪੋਰਟ ਦੀ ਕਾਪੀ ਉਸ ਦੇ ਘਰ ਦੇ ਪਤੇ ਤੇ ਭੇਜ ਕੇ ਇਸ ਸਬੰਧੀ ਆਪਣਾ ਸਪਸ਼ਟੀਕਰਨ ਦੇਣ ਲਈ ਲਿਖਿਆ ਗਿਆ ਪਰੰਤੂ ਇਹ ਪੱਤਰ ਡਾਕ ਵਿਭਾਗ ਦੇ ਇਨ੍ਹਾਂ ਸ਼ਬਦਾਂ ਨਾਲ ਵਿਭਾਗ ਨੂੰ ਵਾਪਸ ਆ ਗਿਆ **"ਬਹੁਤ ਪੁੱਛ ਪੜਤਾਲ ਕਰਨ ਤੇ ਇਸ ਵਿਅਕਤੀ ਦਾ ਪਤਾ ਨਹੀਂ ਮਿਲਿਆ। ਇਸ ਕਰਕੇ ਚਿੱਠੀ ਵਾਪਸ ਕੀਤੀ ਜਾਂਦੀ ਹੈ।"**

ਫਿਰ ਵੀ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਪਰਮਿੰਦਰ ਕੌਰ, ਪੰਜਾਬੀ ਮਿਸਟ੍ਰੈਸ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 26-01-18 ਨੂੰ "ਜਗ ਬਾਣੀ, ਅਜੀਤ ਅਤੇ ਦੀ ਟ੍ਰਿਬਿਊਨ ਅਖਬਾਰ" ਵਿਚ ਪਬਲਿਕ ਨੋਟਿਸ ਦਿੱਤਾ ਗਿਆ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਗਿਆ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਪਰਮਜੀਤ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਪਰਮਿੰਦਰ ਕੌਰ, ਪੰਜਾਬੀ ਮਿਸਟ੍ਰੈਸ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ ਜੋ ਕਿ ਮਿਤੀ 11.01.2011 ਤੋਂ ਹੁਣ ਤੱਕ ਅਣ-ਅਧਿਕਾਰਤ ਤੌਰ ਤੇ ਲਗਾਤਾਰ ਸਰਕਾਰੀ ਡਿਊਟੀ ਤੋਂ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਪਰਮਜੀਤ ਸਿੰਘ, ਪੀ.ਸੀ.ਐਸ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 12340-43 ਮਿਤੀ, ਐਸ.ਏ.ਐਸ.ਨਗਰ : 20/3/18

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ) ਲੁਧਿਆਣਾ ਨੂੰ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ ਮੁੱਖ ਅਧਿਆਪਕ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ ਅਤੇ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਪਰਮਿੰਦਰ ਕੌਰ, ਪੰਜਾਬੀ ਮਿਸਟ੍ਰੈਸ, ਸਸਸਸ ਸਿਧਵਾਂ ਬੇਟ, ਜ਼ਿਲ੍ਹਾ ਲੁਧਿਆਣਾ।

20.3.18

(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ ਕੋਆਰਡੀਨੇਸ਼ਨ ਸਾਖਾ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ:6/108-14 ਅ-2(7) (ਕੋ:ਸੈਲ (2)
ਮਿਤੀ, ਐਸ.ਏ.ਐਸ.ਨਗਰ :-19-03-18

ਸ਼੍ਰੀਮਤੀ ਸੁਖਬੀਰ ਕੌਰ, ਸਸ ਮਿਸਟ੍ਰੈਸ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ ਜੋ ਕਿ ਮਿਤੀ19-12-2005 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਦਫਤਰ ਦੇ ਹੁਕਮ ਨੰ: 6/108-14 ਅ-2(7) ਕੋ:ਸ:2 ਮਿਤੀ 22.08.14/10.10.14 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਸੁਖਬੀਰ ਕੌਰ, ਸਸ ਮਿਸਟ੍ਰੈਸ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਦਫਤਰ ਦੇ ਹੁਕਮ ਨੰ: 6/108-14 ਅ-2(7) ਮਿਤੀ 08-08-17 ਰਾਂਹੀ ਸ੍ਰੀ ਗੁਰਦਰਸ਼ਨ ਸਿੰਘ ਬਰਾੜ, ਜ਼ਿ:ਸਿ:ਅ (ਸੈਸਿ), ਮੋਗਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਲਿਖਿਆ ਗਿਆ ਹੈ ਕਿ ਸਰਵ ਸਿੱਖਿਆ ਅਭਿਆਨ ਵਿੱਚ ਅਧਿਆਪਕਾਂ ਦੀਆਂ ਲਗਾਈਆਂ ਗਈਆਂ ਡਿਊਟੀਆਂ/ਡੈਪੂਟੇਸ਼ਨ ਕੈਂਸਲ ਕਰਨ ਉਪਰੰਤ ਕਰਮਚਾਰਨ ਨੇ ਤੁਰੰਤ ਸਕੂਲ ਵਿੱਚ ਹਾਜਰ ਹੋਣਾ ਸੀ, ਪਰ ਸਬੰਧਤ ਕਰਮਚਾਰਨ ਸਕੂਲ ਵਿੱਚ ਹਾਜਰ ਨਹੀਂ ਹੋਈ ਅਤੇ ਨਾ ਹੀ ਰਿਲੀਵ ਹੋਣ ਪਿੱਛੋਂ ਸਬੰਧਤ ਕਰਮਚਾਰਨ ਬਾਰੇ ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ ਜੀ ਦੇ ਦਫਤਰ ਵੱਲੋਂ ਸਕੂਲ ਨੂੰ ਕੋਈ ਸੂਚਨਾ ਪ੍ਰਾਪਤ ਹੋਈ। ਪੜਤਾਲੀਆ ਅਫਸਰ ਨੇ ਰਿਪੋਰਟ ਵਿੱਚ ਦਰਜ ਕੀਤਾ ਹੈ ਕਿ "ਜਾਪਦਾ ਹੈ ਕਿ ਕਰਮਚਾਰਨ ਡੈਪੂਟੇਸ਼ਨ ਤੋਂ ਜਾਣ ਦੌਰਾਨ ਹੀ ਗੈਰਹਾਜਰ ਹੋ ਗਈ ਸੀ"। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਕਰਮਚਾਰਨ ਵਿਦੇਸ਼ ਵਿੱਚ ਹੈ।"

ਇੱਥੇ ਇਹ ਦੱਸਣਾ ਯੋਗ ਹੋਵੇਗਾ ਕਿ ਇਸ ਦਫਤਰ ਦੇ ਪੱਤਰ ਨੰ:6/108-14 ਅ-2(7) ਕੋ:ਸ:2/14125 ਮਿਤੀ 07.11.17 ਰਾਹੀਂ ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ ਨੂੰ ਵੀ ਇਸ ਕਰਮਚਾਰਨ ਦੇ ਐਸ.ਸੀ.ਈ.ਆਰ.ਟੀ ਦਫਤਰ ਵਿਖੇ ਠਹਿਰ/ਆਰਜੀ ਪ੍ਰਬੰਧ/ਹੁਕਮ/ਤਨਖਾਹ/ਰਲੀਵਿੰਗ ਦੀ ਮੌਜੂਦਾ ਸਥਿਤੀ ਬਾਰੇ ਪੁੱਛਿਆ ਗਿਆ ਸੀ, ਜਿਸ ਸਬੰਧੀ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1/3-17 ਗ(1) ਮਿਤੀ 29.11.17 ਰਾਹੀਂ ਲਿਖਿਆ ਗਿਆ ਹੈ ਇਸ ਕਰਮਚਾਰਨ ਦੀ ਕੋਈ ਵੀ ਜਾਣਕਾਰੀ ਉਪਲਬਧ ਨਹੀਂ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਸੁਖਬੀਰ ਕੌਰ, ਸਸ ਮਿਸਟ੍ਰੈਸ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 26-01-18 ਨੂੰ "ਜਗ ਬਾਣੀ, ਅਜੀਤ ਅਤੇ ਦੀ ਟ੍ਰਿਬਿਊਨ ਅਖਬਾਰ" ਵਿਚ ਪਬਲਿਕ ਨੋਟਿਸ ਦਿੱਤਾ ਗਿਆ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਗਿਆ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5(viii) ਤਹਿਤ ਖਤਮ ਕਰ ਦਿੱਤੀਆਂ ਜਾਣਗੀਆਂ।ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਪਰਮਜੀਤ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸੁਖਬੀਰ ਕੌਰ, ਸਸ ਮਿਸਟ੍ਰੈਸ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ ਜੋ ਕਿ ਮਿਤੀ 19.12.2005 ਤੋਂ ਹੁਣ ਤੱਕ ਅਣ-ਅਧਿਕਾਰਤ ਤੌਰ ਤੇ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਪਰਮਜੀਤ ਸਿੰਘ, ਪੀ.ਸੀ.ਐਸ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 12336-39 ਮਿਤੀ, ਐਸ.ਏ.ਐਸ.ਨਗਰ :20|3|18

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ) ਮੋਗਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ/ ਮੁੱਖ ਅਧਿਆਪਕ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ ਅਤੇ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਸੁਖਬੀਰ ਕੌਰ, ਸਸ ਮਿਸਟ੍ਰੈਸ, ਸਸਸਸ ਮਾਛੀਕੇ, ਜ਼ਿਲ੍ਹਾ ਮੋਗਾ।

ਨੱਥੀ: ਸੇਵਾਪੱਤਰੀ(ਅਸਲ)

20.3.18
(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ ਕੋਆਰਡੀਨੇਸ਼ਨ ਸਾਖਾ